# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-04-2025**

ਰਾਜ ਸਭਾ ਅੱਜ ਦੁਪਹਿਰ ਵਕਫ਼ (ਸੋਧ) ਬਿੱਲ, 2025 ਨੂੰ ਵਿਚਾਰ ਅਤੇ ਪਾਸ ਕਰਨ ਲਈ ਲਵੇਗੀ। ਬਿੱਲ ਨੂੰ ਉਪਰਲੇ ਸਦਨ ਦੇ ਕਾਰੋਬਾਰ ਦੀ ਪੂਰਕ ਸੂਚੀ ਵਿੱਚ ਸੂਚੀਬੱਧ ਕੀਤਾ ਗਿਆ ਏ । ਜਦੋਂ ਅੱਜ ਸਵੇਰੇ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਈ, ਤਾਂ ਰਾਜ ਸਭਾ ਦੇ ਸਭਾਪਤੀ  ਜਗਦੀਪ ਧਨਖੜ ਨੇ ਐਲਾਨ ਕੀਤਾ ਕਿ ਸਦਨ ਦੁਪਹਿਰ ਬਾਅਦ ਇਸ ਬਿੱਲ ਨੂੰ ਵਿਚਾਰੇਗਾ। ਕੱਲ੍ਹ ਲੋਕ ਸਭਾ ਨੇ ਲਗਭਗ 12 ਘੰਟੇ ਦੀ ਚਰਚਾ ਤੋਂ ਬਾਅਦ ਕੱਲ੍ਹ ਰਾਤ ਬਿੱਲ ਨੂੰ ਪਾਸ ਕਰ ਦਿੱਤਾ। ਵਕਫ਼ (ਸੋਧ) ਬਿੱਲ, 2025 ਦਾ ਉਦੇਸ਼ ਵਿਰਾਸਤੀ ਸਥਾਨਾਂ ਦੀ ਸੁਰੱਖਿਆ ਅਤੇ ਸਮਾਜਿਕ ਭਲਾਈ ਨੂੰ ਉਤਸ਼ਾਹਿਤ ਕਰਨ ਦੇ ਪ੍ਰਬੰਧਾਂ ਦੇ ਨਾਲ ਵਕਫ਼ ਜਾਇਦਾਦਾਂ ਦੇ ਪ੍ਰਬੰਧਨ ਨੂੰ ਸੁਚਾਰੂ ਬਣਾਉਣਾ ਏ । ਇਸ ਕਾਨੂੰਨ ਦਾ ਉਦੇਸ਼ ਜਾਇਦਾਦ ਪ੍ਰਬੰਧਨ ਵਿੱਚ ਪਾਰਦਰਸ਼ਤਾ ਵਧਾ ਕੇ, ਵਕਫ਼ ਬੋਰਡਾਂ ਅਤੇ ਸਥਾਨਕ

ਅਧਿਕਾਰੀਆਂ ਵਿਚਕਾਰ ਤਾਲਮੇਲ ਨੂੰ ਸੁਚਾਰੂ ਬਣਾ ਕੇ ਅਤੇ ਹਿੱਸੇਦਾਰਾਂ ਦੇ ਅਧਿਕਾਰਾਂ ਦੀ ਰੱਖਿਆ ਕਰਕੇ ਸ਼ਾਸਨ ਨੂੰ ਬਿਹਤਰ ਬਣਾਉਣਾ ਏ। ਇਹ ਬਿੱਲ ਮੁਸਲਿਮ ਔਰਤਾਂ, ਖਾਸ ਕਰਕੇ ਵਿਧਵਾਵਾਂ ਅਤੇ ਤਲਾਕਸ਼ੁਦਾ ਔਰਤਾਂ ਦੀ ਆਰਥਿਕ ਅਤੇ ਸਮਾਜਿਕ ਸਥਿਤੀ ਨੂੰ ਬਿਹਤਰ ਬਣਾਉਣ ਦੀ ਵੀ ਕੋਸ਼ਿਸ਼ ਕਰਦਾ ਏ। ਬਿੱਲ ਦਾ ਉਦੇਸ਼ ਵਕਫ਼ ਬੋਰਡ ਨੂੰ ਵਧੇਰੇ ਸੰਮਲਿਤ ਬਣਾਉਣਾ ਏ , ਬਿਹਤਰ ਵਕਫ਼ ਸ਼ਾਸਨ ਅਤੇ ਫੈਸਲਾ ਲੈਣ ਲਈ ਵੱਖ-ਵੱਖ ਮੁਸਲਿਮ ਸੰਪਰਦਾਵਾਂ ਤੋਂ ਨੁਮਾਇੰਦਗੀ ਪ੍ਰਾਪਤ ਕਰਨਾ ਏ। ਕੱਲ੍ਹ ਲੋਕ ਸਭਾ ਵਿੱਚ ਚਰਚਾ ਦਾ ਜਵਾਬ ਦਿੰਦੇ ਹੋਏ, ਕੇਂਦਰੀ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਸੀ ਕਿ ਬਿੱਲ ਦਾ ਮੁਸਲਮਾਨਾਂ ਦੇ ਧਾਰਮਿਕ ਅਭਿਆਸ ਨਾਲ ਕੋਈ ਲੈਣਾ-ਦੇਣਾ ਨਹੀਂ ਏ ਅਤੇ ਇਹ ਸਿਰਫ ਵਕਫ਼ ਬੋਰਡਾਂ ਨਾਲ ਸਬੰਧਤ ਜਾਇਦਾਦਾਂ ਨਾਲ ਸਬੰਧਤ ਏ। ਉਨ੍ਹਾਂ ਕਿਹਾ ਕਿ ਸਰਕਾਰ ਵਕਫ਼ ਬੋਰਡਾਂ ਨੂੰ ਸ਼ਾਮਲ ਕਰਨਾ ਚਾਹੁੰਦੀ ਏ ਅਤੇ ਇਹ ਪਿਛਲੀ ਤਾਰੀਖ ਤੋਂ ਲਾਗੂ ਨਹੀਂ ਹੋਵੇਗਾ। ਮੰਤਰੀ ਨੇ ਕਿਹਾ ਕਿ ਬਿੱਲ ਦਾ ਉਦੇਸ਼ ਕਿਸੇ ਦੀ ਜਾਇਦਾਦ ਜ਼ਬਤ ਕਰਨਾ ਨਹੀਂ ਏ।

-----------------------------------------------------------

ਪ੍ਰਧਾਨ ਮੰਤਰੀ  ਨਰੇਂਦਰ ਮੋਦੀ 6ਵੇਂ ਬਿਮਸਟੇਕ ਸਿਖ਼ਰ ਸੰਮੇਲਨ ਵਿੱਚ ਹਿੱਸਾ ਲੈਣ ਲਈ ਅੱਜ ਥਾਈਲੈਂਡ ਦੇ ਬੈਂਕਾਕ ਵਿੱਚ ਪਹੁੰਚੇ। ਹਵਾਈ ਅੱਡੇ 'ਤੇ ਥਾਈਲੈਂਡ ਦੇ ਉਪ ਪ੍ਰਧਾਨ ਮੰਤਰੀ ਅਤੇ ਟਰਾਂਸਪੋਰਟ ਮੰਤਰੀ ਸੂਰਿਆ ਜੰਗਰੂੰ-ਗਰਾਂਗ-ਕਿਟ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸਾਲ 2016 ਅਤੇ 2019 ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਦੀ ਥਾਈਲੈਂਡ ਦੀ ਇਹ ਤੀਜੀ ਯਾਤਰਾ ਏ ।  ਥਾਈਲੈਂਡ ਪਹੁੰਚਣ ਤੋਂ ਬਾਅਦ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਮੋਦੀ ਨੇ ਕਿਹਾ ਕਿ ਉਹ ਭਾਰਤ ਅਤੇ ਥਾਈਲੈਂਡ ਦਰਮਿਆਨ ਅਧਿਕਾਰਤ ਗੱਲਬਾਤ ਵਿੱਚ ਹਿੱਸਾ ਲੈਣ ਅਤੇ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਉਤਸੁਕ ਨੇ । ਪ੍ਰਧਾਨ ਮੰਤਰੀ ਅੱਜ ਸ਼ਾਮ ਬੈਂਕਾਕ ਵਿੱਚ ਥਾਈਲੈਂਡ ਦੇ ਪ੍ਰਧਾਨ ਮੰਤਰੀ ਪੈਟੋਂ-ਗਟਾਰਨ  ਸ਼ਿਨ-ਵਾਤਰਾ ਨਾਲ ਦੁਵੱਲੀ ਗੱਲਬਾਤ ਕਰਨਗੇ। ਦੋਵੇਂ ਨੇਤਾ ਦੁਵੱਲੇ ਸਬੰਧਾਂ ਦੀ ਪ੍ਰਗਤੀ ਦੀ ਸਮੀਖਿਆ ਕਰਨਗੇ ਅਤੇ ਭਾਰਤ-ਥਾਈਲੈਂਡ ਦੁਵੱਲੀ ਭਾਈਵਾਲੀ ਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ 'ਤੇ ਚਰਚਾ ਕਰਨਗੇ। ਦੋਵੇਂ ਨੇਤਾ ਆਪਸੀ ਹਿੱਤਾਂ ਦੇ ਖੇਤਰੀ ਅਤੇ ਬਹੁਪੱਖੀ ਮੁੱਦਿਆਂ

'ਤੇ ਵੀ ਵਿਚਾਰਾਂ ਦਾ ਅਦਾਨ-ਪ੍ਰਦਾਨ ਕਰਨਗੇ। ਇਸ ਦੌਰੇ ਦੌਰਾਨ ਕਈ ਦੁਵੱਲੇ ਸਮਝੌਤਿਆਂ 'ਤੇ ਵੀ ਹਸਤਾਖਰ ਕੀਤੇ ਜਾਣਗੇ।

ਓਧਰ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੇ ਅੱਜ ਬਿਮਸਟੇਕ ਦੇ ਮੈਂਬਰ ਦੇਸ਼ਾਂ ਨੂੰ ਮੌਜੂਦਾ ਆਲਮੀ ਵਿਵਸਥਾ ਵਿੱਚ ਅਨਿਸ਼ਚਿਤਤਾ ਅਤੇ ਅਸਥਿਰਤਾ ਦੇ ਮੱਦੇਨਜ਼ਰ ਸੰਗਠਨ ਪ੍ਰਤੀ ਵਧੇਰੇ ਉਤਸ਼ਾਹੀ ਪਹੁੰਚ ਅਪਣਾਉਣ ਦੀ ਅਪੀਲ ਕੀਤੀ । ਬੈਂਕਾਕ, ਥਾਈਲੈਂਡ ਵਿੱਚ 20ਵੀਂ ਬਿਮਸਟੈਕ ਮੰਤਰੀ ਪੱਧਰੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਜੈਸ਼ੰਕਰ ਨੇ ਕਿਹਾ ਕਿ ਨਵੀਂ ਵਿਵਸਥਾ ਬੁਨਿਆਦੀ ਤੌਰ 'ਤੇ ਵਧੇਰੇ ਖੇਤਰੀ ਅਤੇ ਏਜੰਡਾ-ਵਿਸ਼ੇਸ਼ ਏ । ਉਨ੍ਹਾਂ ਮੈਂਬਰਾਂ ਨੂੰ ਪਾਵਰ ਗਰਿੱਡ ਕੁਨੈਕਸ਼ਨਾਂ, ਡਿਜੀਟਲ ਬੁਨਿਆਦੀ ਢਾਂਚੇ, ਵਪਾਰਕ ਗਤੀਵਿਧੀਆਂ, ਸਮੁੰਦਰੀ ਅਤੇ ਜ਼ਮੀਨੀ ਆਵਾਜਾਈ, ਨੀਲੀ ਅਰਥਵਿਵਸਥਾ ਅਤੇ ਸਿਹਤ, ਖੁਰਾਕ ਅਤੇ ਊਰਜਾ ਸੁਰੱਖਿਆ ਵਰਗੇ ਪ੍ਰਮੁੱਖ ਏਕੀਕਰਣਾਂ 'ਤੇ ਆਪਣੀ ਊਰਜਾ ਕੇਂਦਰਿਤ ਕਰਨ ਲਈ ਕਿਹਾ।

---------------------------------------------------------------

ਪੰਜਾਬ ਮੰਤਰੀ ਮੰਡਲ ਵੱਲੋਂ ਅੱਜ ਕੈਬਿਨਟ ਮੀਟਿੰਗ ਵਿੱਚ ਤਿੰਨ ਅਹਿਮ

ਫੈਸਲੇ ਲਏ ਗਏ ਨੇ। ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਕ ਪ੍ਰੈਸ ਕਾਨਫੰਰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਹਨਾਂ ਫੈਸਲਿਆਂ ਵਿੱਚ 50 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਲਈ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਣਾ ਕੇ 100 ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਏ। ਇਸ ਮੁਫਤ ਯਾਤਰਾ ਦੀ ਰਜਿਸਟਰੇਸ਼ਨ ਅਪ੍ਰੈਲ ਦੇ ਆਖਿਰ ਵਿੱਚ ਸ਼ੁਰੂ ਹੋਵੇਗੀ ਅਤੇ ਯਾਤਰਾ ਮਈ ਵਿੱਚ ਸ਼ੁਰੂ ਹੋਵੇਗੀ। ਦੂਜਾ ਫੈਸਲਾ ਸਿੱਖਿਆ ਖੇਤਰ ਨਾਲ ਸੰਬੰਧਿਤ ਏ, ਜਿਸ ਹੇਠ 118 ਅਮੀਨੈਂਸ ਸਕੂਲਾਂ ਵਿੱਚ 80 ਸਕੂਲਾਂ ਨੂੰ ਸਕੂਲ ਮੈਂਟੋਰਸ਼ਿਪ ਵਜੋਂ ਚੁਣਿਆ ਗਿਆ। ਇਹਨਾਂ 80 ਸਕੂਲਾਂ ਨੂੰ IAS IPS ਅਤੇ ਪੀ.ਸੀ.ਐਸ ਪੱਧਰ ਦੇ ਉੱਚ ਅਧਿਕਾਰੀਆਂ ਵੱਲੋਂ ਪੰਜ ਸਾਲਾਂ ਲਈ ਗੋਦ ਲਿਆ ਜਾਵੇਗਾ ਅਤੇ ਬੱਚਿਆਂ ਨਾਲ ਭਾਵਨਾਤਮਕ ਸਾਂਝ ਪਾ ਕੇ ਉਹਨਾਂ ਵਲੋਂ ਵੱਖ-ਵੱਖ ਖੇਤਰਾਂ ਨੂੰ ਚੁਣਨ ਲਈ ਰਾਹ ਦਸੇਰਾ ਬਣਣਗੇ। ਵਿੱਤ ਮੰਤਰੀ ਚੀਮਾ ਨੇ ਮਾਈਨਿੰਗ ਅਤੇ ਮਿਨਰਲ ਯੋਜਨਾ 2023 ਵਿੱਚ ਕੀਤੀ ਸੋਧ ਬਾਰੇ ਤੀਜੇ ਫੈਸਲੇ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸੋਧ, ਨਾਲ ਰੇਤਾ ਬਜਰੀ

ਦੀਆਂ ਕੀਮਤਾਂ ਘੱਟਣ ਦੇ ਨਾਲ ਨਾਲ ਸਰਕਾਰ ਨੂੰ ਵੀ ਮਾਲੀ ਫਾਇਦਾ ਹੋਵੇਗਾ।

-------------------------------------------------------

ਪੰਜਾਬ ਦੇ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਨੇ ਅੱਜ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਤੋ ਪੈਦਲ ਯਾਤਰਾ ਦੀ ਸ਼ੁਰੂਆਤ ਕਰਕੇ ਸੂਬਾ ਵਾਸੀਆਂ ਨੂੰ ਨਸ਼ਿਆਂ ਖਿਲਾਫ ਲਾਮਬੰਦ ਹੋਣ ਦੀ ਅਪੀਲ ਕੀਤੀ । ਪੰਜਾਬ ਦੇ ਦੋ ਸਰਹੱਦੀ ਜ਼ਿਲੇ ਗੁਰਦਾਸਪੁਰ ਅਤੇ ਅੰਮ੍ਰਿਤਸਰ 'ਚ ਇਹ ਪੈਦਲ ਯਾਤਰਾ 5 ਦਿਨ ਚੱਲੇਗੀ ਇਸ ਮੌਕੇ ਰਾਜਪਾਲ ਨੇ ਕਿਹਾ ਕਿ ਉਹ ਖ਼ੁਦ ਪੈਦਲ ਚੱਲਣ ਆਏ ਨੇ ਤਾਂ ਜੋ ਪੰਜਾਬ ਅਤੇ ਦੇਸ਼ ਨੂੰ ਨਸ਼ਾ ਮੁਕਤ ਦਾ ਸੁਨੇਹਾ ਦਿੱਤਾ ਜਾਵੇ । ਉਹਨਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਹੀ ਰੰਗਲਾ ਪੰਜਾਬ ਬਣਾਇਆ ਜਾ ਸਕਦਾ ਏ। ਉਹਨਾਂ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਏ, ਅਤੇ ਨੌਜਵਾਨ ਪੀੜੀ ਨੂੰ ਗੁਰੂਆਂ ਵਲੋਂ ਦਿਖਾਏ ਮਾਰਗ ਤੇ ਚੱਲਣ ਦੀ ਲੋੜ ਏ, ਤਾਜੋ ਪੰਜਾਬ ਨੂੰ ਨਸ਼ਿਆਂ ਤੋ ਬਚਾਇਆ ਜਾ ਸਕੇ । ਇਸ ਪੈਦਲ ਯਾਤਰਾ ਵਿੱਚ ਨੌਜਵਾਨਾਂ, ਖਿਡਾਰੀਆਂ, ਵਿਦਿਆਰਥੀਆਂ,

ਲੇਖਕਾਂ, ਬੁੱਧੀਜੀਵੀਆਂ, ਵੱਖ-ਵੱਖ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ, ਪੰਚਾਇਤੀ ਨੁਮਾਇੰਦਿਆਂ ਦੇ ਨਾਲ ਆਮ ਲੋਕਾਂ ਨੂੰ ਵੀ ਹਿੱਸਾ ਲਿਆ।

-----------------------------------------------------------

ਪੰਜਾਬ ਪੁਲਿਸ ਨੇ ਦਸਤਾਵੇਜ਼ਾਂ ਸਬੰਧੀ ਧੋਖਾਧੜੀ ਨੂੰ ਰੋਕਣ ਅਤੇ ਸੁਰੱਖਿਆ ਵਿੱਚ ਵਾਧਾ ਕਰਨ ਲਈ ਪੁਲਿਸ ਕਲੀਅਰੈਂਸ ਸਰਟੀਫਿਕੇਟ (PCC) ਲਈ ਕਿਊਆਰ ਕੋਡ ਅਧਾਰਤ ਪ੍ਰਮਾਣੀਕਰਨ ਪ੍ਰਣਾਲੀ ਸ਼ੁਰੂ ਕੀਤੀ ਏ। ਇਸ ਪਹਿਲਕਦਮੀ ਦਾ ਉਦੇਸ਼ PCC ਜੋ ਅਕਸਰ ਰੁਜ਼ਗਾਰ, ਵੀਜ਼ਾ ਅਤੇ ਹੋਰ ਅਧਿਕਾਰਤ ਉਦੇਸ਼ਾਂ ਲਈ ਲੋੜੀਂਦਾ ਹੁੰਦਾ ਏ , ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਇੱਕ ਸੁਰੱਖਿਅਤ ਅਤੇ ਭਰੋਸੇਮੰਦ ਤਰੀਕਾ ਪ੍ਰਦਾਨ ਕਰਨਾ ਏ। ਇਸ ਨਵੀਂ ਪ੍ਰਣਾਲੀ ਤਹਿਤ ਜਾਰੀ ਕੀਤੇ ਗਏ ਹਰੇਕ ਪੀ.ਸੀ.ਸੀ ‘ਤੇ ਇੱਕ ਵਿਲੱਖਣ ਕਿਊਆਰ ਕੋਡ ਹੋਵੇਗਾ। ਉਨ੍ਹਾਂ ਦੱਸਿਆ ਕਿ ਸਕੈਨ ਕਰਨ ‘ਤੇ ਇਹ ਕਿਊਆਰ ਕੋਡ ਖਪਤਕਾਰਾਂ ਨੂੰ ਪੰਜਾਬ ਪੁਲਿਸ ਦੇ ਅਧਿਕਾਰਤ ਸਰਵਰਾਂ certificate.pp saanjh.in ’ਤੇ ਉਪਲੱਬਧ ਸਰਟੀਫਿਕੇਟ ਦੀ

ਸੁਰੱਖਿਅਤ ਆਨਲਾਈਨ ਕਾਪੀ ਤੱਕ ਪਹੁੰਚ ਕਰਵਾਏਗਾ ਜਿਸ ਨਾਲ ਤੁਰੰਤ ਅਤੇ ਸਹੀ ਪ੍ਰਮਾਣਿਕਤਾ ਨੂੰ ਯਕੀਨੀ ਬਣਾਇਆ ਜਾ ਸਕੇਗਾ। ਪੁਲਿਸ ਨੇ ਖਪਤਕਾਰਾਂ ਨੂੰ ਇਹ ਵੀ ਸਲਾਹ ਦਿੱਤੀ ਏ ਕਿ ਉਹ ਕਿਊਆਰ ਕੋਡ ਨੂੰ ਸਕੈਨ ਕਰਨ ਉਪਰੰਤ ਇਹ ਪੁਸ਼ਟੀ ਜ਼ਰੂਰ ਕਰਨ ਕਿ ਪੀ.ਸੀ.ਸੀ ਨੂੰ ਡਾਊਨਲੋਡ ਕਰਨ ਲਈ ਅਧਿਕਾਰਤ ਵੈੱਬਸਾਈਟ ਹੀ ਕਨੈਕਟ ਹੋਈ ਏ।

--------------------------------------------------------

ਪੰਜਾਬ ਦੇ ਪੰਜਾਬ ਰੋਡਵੇਜ਼, ਪਨਬਸ ਅਤੇ ਪੀ.ਆਰ.ਟੀ.ਸੀ. ਦੇ ਕੰਟਰੈਕਟ ਵਰਕਰਾਂ ਦੀ ਜਥੇਬੰਦੀ ਵੱਲੋਂ ਆਪਣੀਆਂ ਮੰਗਾਂ ਨੂੰ ਲੈਕੇ ਅੱਜ ਸਵੇਰੇ 10 ਵਜੇ ਤੋਂ 12 ਵਜੇ ਤੱਕ ਦੋ ਘੰਟੇ ਦੀ ਹੜਤਾਲ ਰੱਖੀ ਗਈ, ਜਿਸ ਨਾਲ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਇਹ ਹੜਤਾਲ, ਤਨਖਾਹ ਵਧਾਉਣ ਅਤੇ ਕਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਬਾਰੇ ਮੰਗ ਨੂੰ ਲੈਕੇ ਕੀਤੀ ਗਈ।